# ਆਕਾਸ਼ਵਾਣੀ ਜਲੰਧਰ

# ਪ੍ਰਾਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :17-05-2026**

- ਕੇਂਦਰੀ ਮੰਤਰੀ ਪ੍ਰਹਿਲਾਦ ਜੋਸ਼ੀ ਨੇ ਕਿਹਾ ਕਿ ਭਾਰਤ ਨੇ ਹੁਣ ਇੱਕ ਦਿਨ ਵਿੱਚ 256.4 ਗੀਗਾਵਾਟ ਦੀ ਰਿਕਾਰਡ ਬਿਜਲੀ ਮੰਗ ਨੂੰ ਸਫਲਤਾ ਨਾਲ ਪੂਰਾ ਕਰ ਲਿਆ ਏ। ਪੰਜਾਬ ਵਿੱਚ ਵੀ, ਝੋਨੇ ਦੀ ਰੁਤ ਦੌਰਾਨ ਬਿਜਲੀ ਦੀ ਮੰਗ ਜ਼ਿਆਦਾ ਹੋਣ ਦਾ ਅਨੁਮਾਨ .
- ਗੁਰਦਾਸਪੁਰ ਹੈਂਡ ਗ੍ਰਨੇਡ ਮਾਮਲੇ ਦੇ ਸੰਬੰਧ 'ਚ ਤਿੰਨ ਵਿਅਕਤੀ ਗਿਰਫਤਾਰ.
- ਪੰਜਾਬ ਦੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਨੇ ਅੱਜ ਸਹਿਕਾਰ ਭਾਰਤੀ ਪੰਜਾਬ ਜਾਗਰੂਕਤਾ ਸੰਗੋਸ਼ਠੀ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ. ਓਹਨਾਂ ਸਹਿਕਾਰਤਾ ਅੰਦੋਲਨ ਨੂੰ ਪਿੰਡਾਂ ਦੇ ਵਿਕਾਸ ਅਤੇ ਸਮਾਜਕ ਮਜ਼ਬੂਤੀ ਦਾ ਅਹਿਮ ਆਧਾਰ ਕਰਾਰ ਦਿੱਤਾ।
- ਪੰਜਾਬ ਵਿੱਚ 105 ਸਥਾਨਕ ਸੰਸਥਾਵਾਂ ਲਈ ਚੋਣਾਂ 26 ਮਈ ਨੂੰ.
- ਪਰ ਖਰੜ ਦੀਆਂ ਚੋਣਾਂ ਮੁਲਤਵੀ ਕਰਨ ਸਬੰਧੀ ਨਿਰਦੇਸ਼ ਜਾਰੀ.

- IPL ਕ੍ਰਿਕੇਟ ਵਿੱਚ, ਅੱਜ ਧਰਮਸ਼ਾਲਾ ਵਿੱਚ ਪੰਜਾਬ ਕਿੰਗਜ਼ ਦਾ ਮੁਕਾਬਲਾ Royal ਚੈਲੇਂਜਰਜ਼ ਬੈਂਗਲੁਰੂ ਨਾਲ ਜਾਰੀ.

-----------------------------------------------------------

ਨਵੀਂ ਅਤੇ ਨਵਿਆਉਣਯੋਗ ਊਰਜਾ ਬਾਰੇ ਕੇਂਦਰੀ ਮੰਤਰੀ ਪ੍ਰਹਿਲਾਦ ਜੋਸ਼ੀ ਨੇ ਕਿਹਾ ਏ ਕਿ ਭਾਰਤ ਨੇ ਹੁਣ ਇੱਕ ਦਿਨ ਵਿੱਚ 256.4 ਗੀਗਾਵਾਟ ਦੀ ਰਿਕਾਰਡ ਬਿਜਲੀ ਮੰਗ ਨੂੰ ਸਫਲਤਾ ਨਾਲ ਪੂਰਾ ਕਰ ਲਿਆ ਏ। ਇੱਕ ਨਿੱਜੀ ਅੰਗਰੇਜ਼ੀ ਅਖ਼ਬਾਰ ਨਾਲ ਗੱਲਬਾਤ ਵਿੱਚ, ਸ਼੍ਰੀ ਜੋਸ਼ੀ ਨੇ ਕਿਹਾ ਕਿ ਬਿਜਲੀ ਦੀ ਮੰਗ ਦਾ ਕਰੀਬ 33 ਫੀਸਦੀ ਹਿੱਸਾ ਨਵਿਆਉਣਯੋਗ ਊਰਜਾ ਸਰੋਤਾਂ ਰਾਹੀਂ ਪੂਰਾ ਹੁੰਦਾ ਏ। ਉਨ੍ਹਾਂ ਕਿਹਾ ਕਿ, ਭਾਰਤ ਦਾ ਬਿਜਲੀ ਬੁਨਿਆਦੀ ਢਾਂਚਾ ਮਜ਼ਬੂਤ, ਵਧੇਰੇ ਲਚਕੀਲਾ ਅਤੇ ਭਵਿੱਖ ਲਈ ਤਿਆਰ ਹੋ ਗਿਆ ਏ। ਮੰਤਰੀ ਨੇ ਅੱਗੇ ਕਿਹਾ ਕਿ ਇਹ ਤਬਦੀਲੀ ਊਰਜਾ ਸਮਰੱਥਾ ਦੇ ਤੇਜ਼ੀ ਨਾਲ ਪਸਾਰ, ਗਰਿੱਡ ਦੀ ਮਜ਼ਬੂਤੀ ਅਤੇ ਦੇਸ਼ ਦੀ ਵਿਕਾਸ ਯਾਤਰਾ ਨੂੰ ਸ਼ਕਤੀ ਦੇਣ ਵਿੱਚ ਸਾਫ਼ ਊਰਜਾ ਦੇ ਵਧ ਰਹੇ ਯੋਗਦਾਨ ਨੂੰ ਦਰਸਾਉਂਦਾ ਏ.

ਪੰਜਾਬ ਵਿੱਚ ਵੀ, ਇਸ ਜੂਨ ਵਿੱਚ ਝੋਨੇ ਦੀ ਰੁਤ ਦੌਰਾਨ ਬਿਜਲੀ ਦੀ ਮੰਗ ਪਿਛਲੇ ਸਾਲ ਦੇ 17 ਹਜ਼ਾਰ 200 ਮੈਗਾਵਾਟ ਤੋਂ ਜ਼ਿਆਦਾ ਹੋਣ ਦਾ ਅਨੁਮਾਨ ਏ. ਮੌਸਮ ਵਿਭਾਗ ਵਲੋਂ ਇਸ ਮਹੀਨੇ ਦੇ ਅਖੀਰ ਤਕ ਅਤੇ

ਜੂਨ ਵਿਚ ਵੀ ਪੰਜਾਬ ਵਿੱਚ ਕਈ ਥਾਵਾਂ 'ਤੇ ਜਬਰਦਸਤ ਗਰਮੀ ਪੈਣ ਦੀ ਪੇਸ਼ੀਨਗੋਈ ਕੀਤੀ ਗਈ ਏ ਜਿਸ ਨਾਲ ਬਿਜਲੀ ਦੀ ਮੰਗ ‘ਚ ਵਾਧਾ ਹੁੰਦਾ . ਖੇਤਾਂ ਵਿੱਚ ਝੋਨੇ ਨੂੰ ਪਾਣੀ ਦੇਣ ਲਈ ਚਲਣ ਵਾਲੇ ਲੱਖਾਂ ਟਿਊਬਵੈੱਲ, ਬਿਜਲੀ ਦੀ ਮੰਗ ਨੂੰ ਕਈ ਗੁਣਾ ਵਧਾਉਂਦੇ ਨੇ.

-----------------------------------------------------------------------------------

ਪਿਛਲੇ ਮਹੀਨੇ ਦੀ 27 ਤਰੀਕ ਨੂੰ ਗੁਰਦਾਸਪੁਰ ਵਿੱਚ ਇੱਕ ਦੁਕਾਨ ਨੇੜੇ ਸੁੱਟੇ ਗਏ ਇੱਕ ਹੈਂਡ ਗ੍ਰਨੇਡ ਦੀ ਬਰਾਮਦਗੀ ਨਾਲ ਸਬੰਧਤ ਇੱਕ ਮਾਮਲੇ ਵਿੱਚ, ਗੁਰਦਾਸਪੁਰ ਪੁਲਿਸ ਨੇ ਕਾਊਂਟਰ ਇੰਟੈਲੀਜੈਂਸ ਵਿੰਗ ਦੇ ਤਾਲਮੇਲ ਨਾਲ, ਕੱਲ੍ਹ ਉਸ ਵਿਅਕਤੀ ਦੀ ਪਛਾਣ ਕਰਕੇ ਉਸ ਦੇ ਦੋ ਹੋਰ ਸਾਥੀਆਂ ਸਮੇਤ ਉਸਨੂੰ ਗ੍ਰਿਫ਼ਤਾਰ ਕਰ ਲਿਆ ਏ । ਗਿਰਫ਼ਤਾਰ ਕੀਤੇ ਤਿੰਨ ਵਿਅਕਤੀਆਂ ਚੋਂ 2 ਜਲੰਧਰ ਤੋਂ ਨੇ . ਪੰਜਾਬ ਦੇ ਡੀਜੀਪੀ ਗੌਰਵ ਯਾਦਵ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਕਿਹਾ ਏ ਕਿ ਮੁੱਢਲੀ ਜਾਂਚ ਦੌਰਾਨ ਇੱਕ ਦੋਸ਼ੀ ਦੇ ਘਰੋਂ ਇੱਕ ਹੋਰ ਹੈਂਡ ਗ੍ਰਨੇਡ ਵੀ ਬਰਾਮਦ ਹੋਇਆ ਏ । ਉਨ੍ਹਾਂ ਕਿਹਾ ਕਿ ਤਿੰਨੋਂ ਦੋਸ਼ੀ ਇੱਕ ਵਿਦੇਸ਼ੀ ਹੈਂਡਲਰ ਦੇ ਨਿਰਦੇਸ਼ਾਂ 'ਤੇ ਕੰਮ ਕਰ ਰਹੇ ਸਨ ਅਤੇ ਉਨ੍ਹਾਂ ਨੂੰ ਉਸ ਤੋਂ ਦੋ ਹੈਂਡ ਗ੍ਰਨੇਡ ਮਿਲੇ ਨੇ. GURDASPUR ਦੇ SSP ਨੇ ਇਸ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ – byte - SSP GURDASPUR ਮਾਮਲੇ ‘ਚ ਅਗਲੇਰੀ ਜਾਂਚ ਜਾਰੀ

ਏ .ਇਸ ਦੌਰਾਨ, ਜਲੰਧਰ ਪੁਲਿਸ ਕਮਿਸ਼ਨਰੇਟ ਨੇ ਵੀ ਚਾਰ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਕੇ ਇੱਕ ਸੰਗਠਿਤ ਅਪਰਾਧ ਨੈੱਟਵਰਕ ਦਾ ਪਰਦਾਫਾਸ਼ ਕੀਤਾ ਏ । ਉਨ੍ਹਾਂ ਤੋਂ 8 ਆਧੁਨਿਕ ਪਿਸਤੌਲਾਂ ਦੇ ਨਾਲ-ਨਾਲ 45 ਜ਼ਿੰਦਾ ਕਾਰਤੂਸ ਬਰਾਮਦ ਕੀਤੇ ਗਏ ਨੇ. ਪਹਿਲਾਂ ਵੀ, ਇਹ ਮੁਲਜ਼ਮ ਦੋ ਕਤਲ ਮਾਮਲਿਆਂ ਵਿੱਚ ਗ੍ਰਿਫ਼ਤਾਰੀ ਤੋਂ ਬਚ ਰਹੇ ਸਨ। ਮੁੱਢਲੀ ਜਾਂਚ ਵਿੱਚ ਮੁਲਜ਼ਮਾਂ ਦੇ ਵਿਦੇਸ਼ੀ ਹੈਂਡਲਰਾਂ ਨਾਲ ਸਬੰਧਾਂ ਦਾ ਖੁਲਾਸਾ ਹੋਇਆ ਏ। ਅਗਲੀ ਜਾਂਚ ਜਾਰੀ ਏ।

---------------------------------------------------------------------------------

ਪੰਜਾਬ ਦੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਨੇ ਅੱਜ ਸਹਿਕਾਰ ਭਾਰਤੀ ਪੰਜਾਬ ਜਾਗਰੂਕਤਾ ਸੰਗੋਸ਼ਠੀ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਸਹਿਕਾਰਤਾ ਅੰਦੋਲਨ ਨੂੰ ਪਿੰਡਾਂ ਦੇ ਵਿਕਾਸ ਅਤੇ ਸਮਾਜਕ ਮਜ਼ਬੂਤੀ ਦਾ ਅਹਿਮ ਆਧਾਰ ਕਰਾਰ ਦਿੱਤਾ । ਆਪਣੇ ਸੰਬੋਧਨ ਦੌਰਾਨ ਉਨ੍ਹਾਂ ਕਿਹਾ ਕਿ ਸਹਿਕਾਰ ਭਾਰਤੀ ਇੱਕ ਬਹੁਤ ਪੁਰਾਣੀ ਅਤੇ ਮਜ਼ਬੂਤ ਸੰਸਥਾ ਏ, ਜੋ 1979 ਵਿੱਚ ਸਥਾਪਿਤ ਕੀਤੀ ਗਈ ਸੀ ਅਤੇ ਉਸ ਸਮੇਂ ਤੋਂ ਹੀ ਪਿੰਡਾਂ ਅਤੇ ਆਮ ਲੋਕਾਂ ਦੀ ਭਲਾਈ ਲਈ ਨਿਰੰਤਰ ਕੰਮ ਕਰ ਰਹੀ ਏ। ਰਾਜਪਾਲ ਨੇ ਕਿਹਾ ਕਿ ਸਹਿਕਾਰਤਾ ਦੀ ਭਾਵਨਾ ਲੋਕਾਂ ਨੂੰ ਆਪਸੀ ਭਾਈਚਾਰੇ, ਸਹਿਯੋਗ ਅਤੇ ਸਮਰਪਣ ਨਾਲ

ਜੋੜਦੀ ਏ । ਉਨ੍ਹਾਂ ਕਿਹਾ ਕਿ “ਸੰਸਕਾਰ ਤੋਂ ਸਹਿਕਾਰ” ਦਾ ਸਿਧਾਂਤ ਸਮਾਜ ਨੂੰ ਮਜ਼ਬੂਤ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਏ । ਉਨ੍ਹਾਂ ਕਿਹਾ ਕਿ ਸਹਿਕਾਰਤਾ ਖੇਤਰ ਦਾ ਸਭ ਤੋਂ ਵੱਡਾ ਯੋਗਦਾਨ ਖੇਤੀਬਾੜੀ ਅਤੇ ਡੇਅਰੀ ਖੇਤਰ ਵਿੱਚ ਏ । ਕਿਸਾਨਾਂ ਨੂੰ ਖਾਦ, ਬੀਜ, ਅਤੇ ਹੋਰ ਸਹੂਲਤਾਂ ਪ੍ਰਦਾਨ ਕਰਨ ਵਿੱਚ ਸਹਿਕਾਰਤਾ ਸੰਸਥਾਵਾਂ ਦੀ ਅਹਿਮ ਭੂਮਿਕਾ ਰਹੀ ਏ । ਡੇਅਰੀ ਖੇਤਰ ਵਿੱਚ ਵੀ ਸਹਿਕਾਰਤਾ ਨੇ ਪਿੰਡਾਂ ਦੇ ਲੋਕਾਂ ਨੂੰ ਆਤਮਨਿਰਭਰ ਬਣਾਉਣ ਵਿੱਚ ਮਦਦ ਕੀਤੀ ਏ । ਉਨ੍ਹਾਂ ਕਿਹਾ ਕਿ ਜੇ ਸਹਿਕਾਰਤਾ ਨੂੰ ਹੋਰ ਮਜ਼ਬੂਤ ਕੀਤਾ ਜਾਵੇ ਤਾਂ ਪਿੰਡਾਂ ਦੀ ਆਰਥਿਕਤਾ ਨੂੰ ਵੱਡਾ ਫਾਇਦਾ ਹੋ ਸਕਦਾ ਏ । ਪੰਜਾਬੀਆਂ ਦੀ ਸ਼ਲਾਘਾ ਕਰਦਿਆਂ ਰਾਜਪਾਲ ਨੇ ਕਿਹਾ ਕਿ ਪੰਜਾਬ ਦੇਸ਼ ਦਾ ਅੰਨ ਭੰਡਾਰ ਏ ਅਤੇ ਇੱਥੋਂ ਦੇ ਕਿਸਾਨਾਂ ਨੇ ਦੇਸ਼ ਦੀ ਖਾਦ ਸੁਰੱਖਿਆ ਵਿੱਚ ਵੱਡਾ ਯੋਗਦਾਨ ਪਾਇਆ ਏ. ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਸਮਾਜ ਸੇਵੀ, ਨੌਜਵਾਨ ਅਤੇ ਵੱਖ-ਵੱਖ ਖੇਤਰਾਂ ਨਾਲ ਜੁੜੇ ਪ੍ਰਮੁੱਖ ਵਿਅਕਤੀ ਹਾਜ਼ਰ ਸਨ।<><>

---------------------------------------------------------------------

ਪੰਜਾਬ ਵਿੱਚ ਅੱਠ ਨਗਰ ਨਿਗਮਾਂ, 76 ਨਗਰ ਕੌਂਸਲਾਂ ਅਤੇ 21 ਨਗਰ ਪੰਚਾਇਤਾਂ ਸਮੇਤ 105 ਸਥਾਨਕ ਸੰਸਥਾਵਾਂ ਲਈ ਚੋਣਾਂ 26 ਮਈ ਨੂੰ ਹੋਣਗੀਆਂ। ਬੀਤੇ ਦਿਨੀਂ ਪੰਜਾਬ ਰਾਜ ਚੋਣ ਕਮਿਸ਼ਨ ਵੱਲੋਂ ਇਨ੍ਹਾਂ ਚੋਣਾਂ

ਦਾ ਐਲਾਨ ਕੀਤਾ ਗਿਆ ਸੀ। ਚੋਣਾਂ ਲਈ ਨਾਮਜ਼ਦਗੀ ਪ੍ਰਕਿਰਿਆ ਕੱਲ੍ਹ ਖ਼ਤਮ ਹੋ ਗਈ ਏ। ਨਾਮਜ਼ਦਗੀ ਪੱਤਰਾਂ ਦੀ ਪੜਤਾਲ 18 ਮਈ ਨੂੰ ਹੋਵੇਗੀ, ਜਦੋਂ ਕਿ ਨਾਮਜ਼ਦਗੀਆਂ ਵਾਪਸ ਲੈਣ ਦੀ ਆਖਰੀ ਤਰੀਕ 19 ਮਈ ਏ। ਕਮਿਸ਼ਨ ਨੇ ਚੋਣਾਂ ਨੂੰ ਨਿਰਪੱਖ, ਸੁਤੰਤਰ ਅਤੇ ਸ਼ਾਂਤੀਪੂਰਨ ਢੰਗ ਨਾਲ ਕਰਵਾਉਣ ਲਈ ਸੂਬੇ ਦੇ 23 ਜ਼ਿਲ੍ਹਿਆਂ ਵਿੱਚ IAS ਤੇ ਸੀਨੀਅਰ PCS ਅਧਿਕਾਰੀਆਂ ਨੂੰ ਨਿਗਰਾਨ ਨਿਯੁਕਤ ਕੀਤਾ ਏ। ਇਸ ਦੌਰਾਨ ਮੁਹਾਲੀ ਦੇ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਸ੍ਰੀਮਤੀ ਕੋਮਲ ਮਿੱਤਲ ਨੇ ਜਾਣਕਾਰੀ ਦਿੱਤੀ ਕਿ ਰਾਜ ਚੋਣ ਕਮਿਸ਼ਨ, ਪੰਜਾਬ ਵੱਲੋਂ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਹੁਕਮਾਂ ਦੀ ਪਾਲਣਾ ਕਰਦਿਆਂ ਨਗਰ ਕੌਂਸਲ ਖਰੜ ਦੀਆਂ ਆਮ ਚੋਣਾਂ ਮੁਲਤਵੀ ਕਰਨ ਸਬੰਧੀ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਗਏ ਨੇ. ਉਨ੍ਹਾਂ ਦੱਸਿਆ ਕਿ ਰਾਜ ਚੋਣ ਕਮਿਸ਼ਨ, ਪੰਜਾਬ ਤੋਂ ਪ੍ਰਾਪਤ ਪੱਤਰ ਅਨੁਸਾਰ ਨਗਰ ਕੌਂਸਲ ਖਰੜ ਲਈ ਚੱਲ ਰਹੀ ਚੋਣ ਪ੍ਰਕਿਰਿਆ, ਜਿਸ ਵਿੱਚ ਨਾਮਜ਼ਦਗੀਆਂ ਪ੍ਰਾਪਤ ਕਰਨ ਦੀ ਪ੍ਰਕਿਰਿਆ ਵੀ ਸ਼ਾਮਲ ਏ , ਨੂੰ ਤੁਰੰਤ ਪ੍ਰਭਾਵ ਨਾਲ ਸਮਾਪਤ ਕਰ ਦਿੱਤਾ ਗਿਆ ਏ ।ਡਿਪਟੀ ਕਮਿਸ਼ਨਰ ਨੇ ਅੱਗੇ ਦੱਸਿਆ ਕਿ ਚੋਣਾਂ ਮੁਲਤਵੀ ਕਰਨ ਸਬੰਧੀ ਜਨਤਕ ਨੋਟਿਸ ਰਿਟਰਨਿੰਗ ਅਫ਼ਸਰ, ਖਰੜ ਅਤੇ ਨਗਰ ਕੌਂਸਲ ਖਰੜ ਦੇ ਦਫ਼ਤਰਾਂ ਵਿੱਚ ਲਾ ਦਿੱਤਾ ਗਿਆ ਏ। ਸ੍ਰੀਮਤੀ ਕੋਮਲ ਮਿੱਤਲ ਨੇ ਕਿਹਾ

ਕਿ ਨਗਰ ਕੌਂਸਲ ਖਰੜ ਦੀਆਂ ਚੋਣਾਂ ਕਰਵਾਉਣ ਸਬੰਧੀ ਅਗਲੀ ਕਾਰਵਾਈ ਸਥਾਨਕ ਸਰਕਾਰਾਂ ਵਿਭਾਗ, ਪੰਜਾਬ ਤੋਂ ਨਵੀਂ ਨਿਤੀਫਿਕੇਸ਼ਨ ਪ੍ਰਾਪਤ ਹੋਣ ਉਪਰੰਤ ਕੀਤੀ ਜਾਵੇਗੀ।

--------------------------------------------------------------------

ਅੱਜ ਵਿਸ਼ਵ ਹਾਈਪਰਟੈਨਸ਼ਨ ਭਾਵ ਬ੍ਲਡ ਪ੍ਰੈਸ਼ਰ ਦਿਵਸ ਏ। ਇਸਦਾ ਉਦੇਸ਼ ਵਿਸ਼ਵਵਿਆਪੀ ਜਾਗਰੂਕਤਾ, ਰੋਕਥਾਮ, ਖੋਜ ਅਤੇ ਹਾਈ ਬਲੱਡ ਪ੍ਰੈਸ਼ਰ 'ਤੇ ਕੰਟ੍ਰੋਲ ਨੂੰ ਉਤਸ਼ਾਹਿਤ ਕਰਨਾ ਏ। ਇਸ ਸਾਲ ਦਾ ਵਿਸ਼ਾ ਏ "ਹਾਈਪਰਟੈਨਸ਼ਨ ਨੂੰ ਰਲ ਕੇ ਕਾਬੂ ਕਰੀਏ: ਨਿਯਮਿਤ ਤੌਰ 'ਤੇ ਆਪਣੇ ਬਲੱਡ ਪ੍ਰੈਸ਼ਰ ਦੀ ਜਾਂਚ ਕਰੋ ਅਤੇ ਇਸ ਬੀਮਾਰੀ ਨੂੰ ਹਰਾਓ।" ਪੰਜਾਬ ਸਰਕਾਰ ਦੀ 'ਮੁੱਖ ਮੰਤਰੀ ਸਿਹਤ ਯੋਜਨਾ' ਹਾਈਪਰਟੈਂਸ਼ਨ ਅਤੇ ਇਸ ਨਾਲ ਜੁੜੀਆਂ ਬੀਮਾਰੀਆਂ ਨਾਲ ਜੂਝ ਰਹੇ ਮਰੀਜ਼ਾਂ ਨੂੰ ਸਸਤੀਆਂ ਅਤੇ ਸਮੇਂ ਸਿਰ ਸਿਹਤ ਸੇਵਾਵਾਂ ਮੁਹੱਈਆ ਕਰਵਾ ਕੇ ਵੱਡੀ ਰਾਹਤ ਦੇ ਰਹੀ ਏ। ਆਮ ਤੌਰ 'ਤੇ ਹਾਈ ਬਲੱਡ ਪ੍ਰੈਸ਼ਰ ਨੂੰ ਹਾਈਪਰਟੈਂਸ਼ਨ ਕਿਹਾ ਜਾਂਦਾ ਏ. ਇਹ ਬਿਨਾਂ ਕਿਸੇ ਸਪੱਸ਼ਟ ਚੇਤਾਵਨੀ ਦੇ ਸਟ੍ਰੋਕ, ਦਿਲ ਫੇਲ ਹੋਣਾ ਜਾਂ ਕਿਡਨੀ ਰੋਗ ਵਰਗੀਆਂ ਗੰਭੀਰ ਸਮੱਸਿਆਵਾਂ ਦਾ ਕਾਰਨ ਬਣ ਸਕਦਾ ਏ। ਇਹ ਬੀਮਾਰੀ ਕਰੀਬ ਹਰ ਉਮਰ ਵਰਗ ਵਿੱਚ ਦੇਖੀ ਜਾ ਰਹੀ ਏ। ਵਿਸ਼ਵ ਸਿਹਤ ਸੰਗਠਨ (ਡਬਲਿਊ.ਐਚ.ਓ.) ਮੁਤਾਬਿਕ ਭਾਰਤ ਵਿੱਚ

ਹਾਈ ਬਲੱਡ ਪ੍ਰੈਸ਼ਰ ਦੀ ਸਮੱਸਿਆ ਤੇਜ਼ੀ ਨਾਲ ਵਧ ਰਹੀ ਏ, ਜਿਸਦੇ ਮੁੱਖ ਕਾਰਨ: ਗਲਤ ਖ਼ੁਰਾਕ, ਤਣਾਅ, ਤੰਬਾਕੂ ਦਾ ਸੇਵਨ, ਸਰੀਰਕ ਗਤੀਵਿਧੀ ਵਿੱਚ ਕਮੀ ਅਤੇ ਅਨਿਯਮਿਤ ਜੀਵਨਸ਼ੈਲੀ ਨੇ.ਪੰਜਾਬ ‘ਚ 30 ਸਾਲ ਤੋਂ ਵੱਧ ਉਮਰ ਦੇ 1 ਕਰੋੜ ਤੋਂ ਜ਼ਿਆਦਾ ਲੋਕਾਂ ਦੀ ਸਕ੍ਰੀਨਿੰਗ ਕੀਤੀ ਜਾ ਚੁੱਕੀ ਏ ਅਤੇ 24 ਲੱਖ ਲੋਕ ਇਲਾਜ ਅਧੀਨ ਲਿਆਂਦੇ ਗਏ ਨੇ.

-----------------------------------------------------------------------

IPL ਕ੍ਰਿਕੇਟ ਵਿੱਚ, ਅੱਜ ਧਰਮਸ਼ਾਲਾ ਵਿੱਚ ਪੰਜਾਬ ਕਿੰਗਜ਼ ਦਾ ਮੁਕਾਬਲਾ Royal ਚੈਲੇਂਜਰਜ਼ ਬੈਂਗਲੁਰੂ ਨਾਲ ਹੋ ਰਿਹਾ ਏ। Royal ਚੈਲੇਂਜਰਜ਼ ਬੈਂਗਲੁਰੂ ਨੇ ਪਹਿਲਾਂ ਬੱਲੇਬਾਜ਼ੀ ਕਰਦਿਆਂ, ਪੰਜਾਬ ਕਿੰਗਜ਼ ਸਾਹਮਣੇ ਜਿੱਤ ਲਈ 223 ਦੌੜਾਂ ਦਾ ਟੀਚਾ ਰੱਖਿਆ ਏ। ਤਾਜ਼ਾ ਖਬਰਾਂ ਮਿਲਣ ਸਮੇਂ ਤੱਕ, ਪੰਜਾਬ ਕਿੰਗਜ਼ ਨੇ 10 ਓਵਰਾਂ ਵਿੱਚ 5 ਵਿਕਟਾਂ ਦੇ ਨੁਕਸਾਨ 'ਤੇ 93 ਦੌੜਾਂ ਬਣਾ ਲਈਆਂ ਸਨ। ਇੱਕ ਹੋਰ ਮੈਚ 'ਚ, ਦਿੱਲੀ ਵਿੱਚ ਸ਼ਾਮੀ ਸਾਢੇ 7 ਵਜੇ ਰਾਜਸਥਾਨ Royals ਦਾ ਮੁਕਾਬਲਾ ਦਿੱਲੀ ਕੈਪੀਟਲਜ਼ ਨਾਲ ਹੋਵੇਗਾ।

-----------------------------------------------------------------------

- ਕੇਂਦਰੀ ਮੰਤਰੀ ਪ੍ਰਹਿਲਾਦ ਜੋਸ਼ੀ ਨੇ ਕਿਹਾ ਕਿ ਭਾਰਤ ਨੇ ਹੁਣ ਇੱਕ ਦਿਨ ਵਿੱਚ 256.4 ਗੀਗਾਵਾਟ ਦੀ ਰਿਕਾਰਡ ਬਿਜਲੀ ਮੰਗ ਨੂੰ

ਸਫਲਤਾ ਨਾਲ ਪੂਰਾ ਕਰ ਲਿਆ ਏ । ਪੰਜਾਬ ਵਿੱਚ ਵੀ, ਝੋਨੇ ਦੀ ਰੁਤ ਦੌਰਾਨ ਬਿਜਲੀ ਦੀ ਮੰਗ ਜ਼ਿਆਦਾ ਹੋਣ ਦਾ ਅਨੁਮਾਨ .

- ਗੁਰਦਾਸਪੁਰ ਹੈਂਡ ਗ੍ਰਨੇਡ ਮਾਮਲੇ ਦੇ ਸੰਬੰਧ 'ਚ ਤਿੰਨ ਵਿਅਕਤੀ ਗਿਰਫਤਾਰ.
- ਪੰਜਾਬ ਦੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਨੇ ਅੱਜ ਸਹਿਕਾਰ ਭਾਰਤੀ ਪੰਜਾਬ ਜਾਗਰੂਕਤਾ ਸੰਗੋਸ਼ਠੀ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ. ਓਹਨਾਂ ਸਹਿਕਾਰਤਾ ਅੰਦੋਲਨ ਨੂੰ ਪਿੰਡਾਂ ਦੇ ਵਿਕਾਸ ਅਤੇ ਸਮਾਜਕ ਮਜ਼ਬੂਤੀ ਦਾ ਅਹਿਮ ਆਧਾਰ ਕਰਾਰ ਦਿੱਤਾ ।
- ਪੰਜਾਬ ਵਿੱਚ 105 ਸਥਾਨਕ ਸੰਸਥਾਵਾਂ ਲਈ ਚੋਣਾਂ 26 ਮਈ ਨੂੰ.
- ਪਰ ਖਰੜ ਦੀਆਂ ਚੋਣਾਂ ਮੁਲਤਵੀ ਕਰਨ ਸਬੰਧੀ ਨਿਰਦੇਸ਼ ਜਾਰੀ.
- IPL ਕ੍ਰਿਕੇਟ ਵਿੱਚ, ਅੱਜ ਧਰਮਸ਼ਾਲਾ ਵਿੱਚ ਪੰਜਾਬ ਕਿੰਗਜ਼ ਦਾ ਮੁਕਾਬਲਾ Royal ਚੈਲੇਂਜਰਜ਼ ਬੈਂਗਲੁਰੂ ਨਾਲ ਜਾਰੀ.

**ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ**

**ਸਾਡਾ ਅਗਲਾ ਰਾਸ਼ਟਰੀ ਬੁਲੇਟਿਨ**

ਸ਼ਾਮ ਸਾਢੇ 7 ਵਜੇ ਹੋਏਗਾ

ਨਮਸ੍ਕਾਰ